# ਆਊਟਸਟੈਂਡਿੰਗ ਸਪੋਰਟਸ ਕੈਟਾਗਰੀ ਅਧੀਨ ਦਾਖਲਿਆਂ ਸਬੰਧੀ ਟਰਾਇਲ/ਕਾਊਂਸਲਿੰਗ

ਪ੍ਰੈਸ ਨੋਟ

ਪਟਿਆਲਾ 19 ਜੁਲਾਈ 2023;

ਖੇਡ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਵੱਲੋਂ ਸੈਸ਼ਨ 2023-24 ਦੌਰਾਨ ਯੂਨੀਵਰਸਿਟੀ ਕੈਂਪਸ ਅਤੇ ਇਸਦੇ ਅਧੀਨ ਆਉਂਦੇ ਕਾਲਜਾਂ ਵਿੱਚ ਕਿਸੇ ਵੀ ਕੋਰਸ/ਕਲਾਸ ਵਿੱਚ **ਉੱਚ ਕੋਟੀ ਦੇ ਖਿਡਾਰੀਆਂ ਲਈ ਸਪੋਰਟਸ ਕੋਟੇ ਅਧੀਨ ਰਾਖਵੀਆਂ 5-5 ਵਾਧੂ ਸੀਟਾਂ ਤਹਿਤ ਦਾਖਲਾ** ਲੈਣ ਦੇ ਚਾਹਵਾਨ ਖਿਡਾਰੀਆਂ (ਲੜਕੇ ਅਤੇ ਲੜਕੀਆਂ) ਲਈ ਏ.ਆਈ.ਯੂ. ਖੇਡ ਕੈਲੰਡਰ ਵਿਚ ਸ਼ਾਮਲ ਹੇਠ ਲਿਖੀਆਂ ਖੇਡਾਂ ਅਨੁਸਾਰ **ਟਰਾਇਲ /ਕਾਊਂਸਲਿੰਗ ਮਿਤੀ 21/07/2023 ਨੂੰ ਸਵੇਰੇ 09.00 ਵਜੇ ਖੇਡ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ** ਵਿਖੇ ਕਰਵਾਏ ਜਾ ਰਹੇ ਹਨ।

ਖੇਡਾਂ ਦੀ ਸੂਚੀ:

ਐਥਲੈਟਿਕਸ, ਆਰਚਰੀ, ਸਾਈਕਲਿੰਗ, ਸੌਫਟਬਾਲ (ਕੇਵਲ ਮਹਿਲਾ), ਬੇਸਬਾਲ (ਕੇਵਲ ਪੁਰਸ਼), ਹੈਂਡਬਾਲ, ਹਾਕੀ, ਕੁਸ਼ਤੀ, ਕਬੱਡੀ (ਨ.ਸ.), ਜਿਮਨਾਸਟਿਕਸ, ਜੂਡੋ, ਟੇਬਲ ਟੈਨਿਸ, ਵਾਲੀਬਾਲ, ਨੈੱਟਬਾਲ (ਕੇਵਲ ਮਹਿਲਾ), ਪਿਸਟਲ ਸ਼ੂਟਿੰਗ ਅਤੇ ਰਾਈਫਲ ਸ਼ੂਟਿੰਗ, ਫੁੱਟਬਾਲ, ਬਾਸਕਟਬਾਲ, ਬੈਡਮਿੰਟਨ, ਵੇਟ ਲਿਫਟਿੰਗ, ਟੈਨਿਸ, ਬਾਕਸਿੰਗ, ਖੋ-ਖੋਫੈਨਸਿੰਗ , ਕੈਯਾਕਿੰਗ ਅਤੇ ਕੈਨੋਇੰਗ, ਰੋਇੰਗ, ਯੋਗਾ, ਤਾਇਕਵਾਂਡੋ, ਵੂਸ਼ੂ, ਕਰਾਟੇ, ਚੈੱਸ, ਰਗਬੀ, ਸੈਪਕਟਾਕਰਾ, ਸੌਫਟ ਟੈਨਿਸ, ਸਕਵੈਸ਼ ਰੈਕਟਸ, ਗੱਤਕਾ ਅਤੇ ਪੇਨਚੈਕ ਸਿਲਾਟ।

ਕਾਊਂਸਲਿੰਗ ਵਿੱਚ ਭਾਗ ਲੈਣ ਵਾਲੇ ਹਰ ਇਕ ਖਿਡਾਰੀ ਕੋਲ ਆਪਣੇ ਵਿਦਿਅਕ ਅਤੇ ਖੇਡਾਂ ਦੇ ਅਸਲੀ ਸਰਟੀਫਿਕੇਟਸ ਅਤੇ ਉਹਨਾਂ ਦੀ ਫੋਟੋਕਾਪੀ ਹੋਣੇ ਲਾਜ਼ਮੀ ਹਨ। **ਖਿਡਾਰੀਆਂ ਦੀ ਚੋਣ ਉਹਨਾਂ ਦੀਆਂ ਪਿਛਲੇ ਦੋ ਸਾਲਾਂ ਦੌਰਾਨ (2021-22 ਅਤੇ 2022-23 ਦੌਰਾਨ) ਕੀਤੀ ਕਾਰਗੁਜ਼ਾਰੀ / ਪ੍ਰਾਪਤੀਆਂ (ਪਹਿਲੀਆਂ ਤਿੰਨ ਪੁਜੀਸ਼ਨਾਂ ਹੀ ਮੰਨਣਯੋਗ ਹੋਣਗੀਆਂ) ਦੇ ਆਧਾਰ ਤੇ ਕੀਤੀ ਜਾਵੇਗੀ।** ਲੋੜ ਅਨੁਸਾਰ ਖਿਡਾਰੀਆਂ ਦੇ ਟਰਾਇਲਜ਼ ਵੀ ਮੌਕੇ ਤੇ ਕਰਵਾਏ ਜਾ ਸਕਦੇ ਹਨ। ਚੁਣੇ ਗਏ ਖਿਡਾਰੀਆਂ ਨੂੰ ਟਰੇਨਿੰਗ ਦੀਆਂ ਬੇਹਤਰੀਨ ਸੁਵਿਧਾਵਾਂ ਤੋਂ ਇਲਾਵਾ ਮੁਫ਼ਤ ਪੜ੍ਹਾਈ, ਸਪੋਰਟਸ ਕਿੱਟ ਅਤੇ ਉਨ੍ਹਾਂ ਦੀਆਂ ਖੇਡ ਪ੍ਰਾਪਤੀਆਂ ਦੀ ਮੈਰਿਟ ਦੇ ਅਨੁਸਾਰ ਡਾਈਟ ਮਨੀ ਮੁਹੱਈਆ ਕੀਤੀ ਜਾਵੇਗੀ।

19/07/2023

ਡਾਇਰੈਕਟਰ ਸਪੋਰਟਸ
ਪੰਜਾਬੀ ਯੂਨੀਵਰਸਿਟੀ, ਪਟਿਆਲਾ
ਮੋ. ਨੰ. 98728-16090

ਉਪਰੋਕ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ ਜੀ:

1. ਪ੍ਰਿੰਸੀਪਲ ਸਾਹਿਬਾਨ, ਸਮੂਹ ਸਬੰਧਤ ਕਾਲਜਿਜ਼ – ਸਬੰਧਤ ਲੈਕਚਰਾਰ, ਸਰੀਰਕ ਸਿੱਖਿਆ/ਪ੍ਰੋ. ਇੰਚਾਰਜ਼ (ਟੀਮ) ਅਤੇ ਖਿਡਾਰੀਆਂ ਦੀ ਸੂਚਨਾ ਹਿੱਤ।
2. ਸਮੂਹ ਕੋਚਿਜ਼/ਇੰਸਟ੍ਰਕਟਰਜ਼ ਸਾਹਿਬਾਨ – ਆਪਣੀ ਖੇਡ ਅਤੇ ਅਲਾਟ ਹੋਈ ਖੇਡ ਨਾਲ ਸਬੰਧਤ ਖਿਡਾਰੀਆਂ ਦੀ ਸੂਚਨਾ ਹਿੱਤ।

19/07/2023

ਡਾਇਰੈਕਟਰ ਸਪੋਰਟਸ
ਪੰਜਾਬੀ ਯੂਨੀਵਰਸਿਟੀ, ਪਟਿਆਲਾ
ਮੋ. ਨੰ. 98728-16090